**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 27-04-2024**

- ਦੇਸ਼ ਵਿਚ ਲੋਕਸਭਾ ਚੋਣਾਂ ਦੇ ਹੁਣ ਤਕ ਹੋਏ 2 ਗੇੜਾਂ ਦੀ ਪੋਲਿੰਗ ਨਾਲ, 11 ਸੂਬਿਆਂ ਤੇ ਤਿੰਨ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੋਟਿੰਗ ਮੁਕੰਮਲ ਹੋ ਗਈ ਏ ।

- ਭਾਰਤੀ ਜਨਤਾ ਪਾਰਟੀ ਦੇ ਨਵੀਂ ਦਿੱਲੀ ਐਕਸਟੈਂਸ਼ਨ ਹੈੱਡ-ਕੁਆਰਟਰ ਵਿਖੇ, ਸਿੱਖ ਭਾਈਚਾਰੇ ਦੇ ਡੇਢ ਹਜ਼ਾਰ ਤੋਂ ਵੱਧ ਵਿਅਕਤੀ ਅੱਜ BJP ਵਿੱਚ ਸ਼ਾਮਲ ਹੋਏ ।

- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਨਗਰ ਕੀਰਤਨ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਗਿਆ ।

---

ਦੇਸ਼ ਭਰ ਵਿੱਚ ਰੈਲੀਆਂ ਅਤੇ ਰੋਡ ਸ਼ੋਅ ਰਾਹੀਂ ਵੋਟਰਾਂ ਨੂੰ ਲੁਭਾਉਣ

ਲਈ, ਵੱਡੀਆਂ ਸਿਆਸੀ ਪਾਰਟੀਆਂ ਦੇ ਪ੍ਰਮੁੱਖ ਆਗੂਆਂ ਵੱਲੋਂ ਜ਼ੋਰਦਾਰ ਪਿੜ ਬਣਾਉਣ ਦੇ ਨਾਲ, ਆਮ ਚੋਣਾਂ ਦੇ ਤੀਜੇ ਗੇੜ ਲਈ ਪ੍ਰਚਾਰ ਤੇਜ਼ ਹੋ ਗਿਆ ਏ । ਇਸ ਗੇੜ ਵਿੱਚ 7 ਮਈ ਨੂੰ, 10 ਸੂਬਿਆਂ ਅਤੇ ਦੋ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 95 ਲੋਕ ਸਭਾ ਹਲਕਿਆਂ ਲਈ ਵੋਟਾਂ ਪੈਣਗੀਆਂ । ਤੀਜੇ ਗੇੜ ਲਈ ਕੁੱਲ ਇੱਕ ਹਜ਼ਾਰ 351 ਉਮੀਦਵਾਰ ਚੋਣ ਮੈਦਾਨ ਵਿੱਚ ਨੇ । ਕੱਲ੍ਹ ਲੋਕ ਸਭਾ ਚੋਣਾਂ ਦੇ ਦੂਜੇ ਪੜਾਅ ਦੀ ਸਮਾਪਤੀ ਦੇ ਨਾਲ ਹੀ, ਹੁਣ 11 ਸੂਬਿਆਂ ਅਤੇ ਤਿੰਨ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੋਟਿੰਗ ਮੁਕੰਮਲ ਹੋ ਗਈ ਏ । ਇਨ੍ਹਾਂ ਵਿੱਚ ਕੇਰਲ, ਰਾਜਸਥਾਨ, ਤ੍ਰਿਪੁਰਾ, ਤਾਮਿਲਨਾਡੂ, ਸਿੱਕਮ, ਮਣੀਪੁਰ, ਮੇਘਾ ਲਿਆ, ਨਾਗਾਲੈਂਡ, ਮਿਜ਼ੋਰਮ, ਅਰੁਣਾਚਲ ਪ੍ਰਦੇਸ਼, ਉੱਤਰਾਖੰਡ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਪੁਡੂਚੇਰੀ, ਲਕਸ਼ਦੀਪ ਅਤੇ ਅੰਡੇਮਾਨ ਤੇ ਨਿਕੋਬਾਰ ਟਾਪੂ ਸ਼ਾਮਲ ਨੇ । ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿੱਚ ਕਰੀਬ 61 ਫੀਸਦੀ ਮਤਦਾਨ ਦਰਜ ਕੀਤਾ ਗਿਆ ਏ । ਇਸ ਗੇੜ ਵਿਚ 88 ਲੋਕਸਭਾ ਹਲਕਿਆਂ ਵਿਚ ਵੋਟਾਂ ਪਈਆਂ ਨੇ । ਗਰਮੀ ਦੇ

ਬਾਵਜੂਦ ਵੱਖ-ਵੱਖ ਖੇਤਰਾਂ ਦੇ ਵੋਟਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪੋਲਿੰਗ ਕਾਫੀ ਹੱਦ ਤੱਕ ਸ਼ਾਂਤੀਪੂਰਨ ਰਹੀ।

-----------------------------------------------------------

ਭਾਰਤ ਚੋਣ ਕਮਿਸ਼ਨ ਨੇ ਬੈਂਗਲੁਰੂ ਦੇ ਸ਼ਾਂਤੀਨਗਰ ਵਿੱਚ ਇੱਕ ਪੋਲਿੰਗ ਬੂਥ ਵਿੱਚ ਇੱਕ ਪੋਲਿੰਗ ਅਧਿਕਾਰੀ ਵਲੋਂ ਬੈਲਟ ਯੂਨਿਟ ਨੂੰ ਕਥਿਤ ਤੌਰ 'ਤੇ ਸਰਗਰਮ ਨਾ ਕੀਤੇ ਜਾਣ ਦੀਆਂ ਰਿਪੋਰਟਾਂ ਨੂੰ ਰੱਦ ਕਰ ਦਿੱਤਾ ਏ। ਕਮਿਸ਼ਨ ਨੇ ਕਿਹਾ ਏ, ਕਿ ਸੋਸ਼ਲ ਮੀਡੀਆ ਅਤੇ ਵਟਸਐਪ 'ਤੇ ਫੈਲ ਰਹੀਆਂ ਸਬੰਧਤ ਰਿਪੋਰਟਾਂ ਗਲਤ ਤੇ ਬੇ-ਬੁਨਿਆਦ ਨੇ। ਬੈਂਗਲੁਰੂ ਦੇ ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਸ਼ਿਕਾਇਤ ਮਿਲਣ ਤੋਂ ਬਾਅਦ, ਸੈਕਟਰ ਮੈਜਿਸਟ੍ਰੇਟ ਨੂੰ ਤੁਰੰਤ ਪੋਲਿੰਗ ਸਟੇਸ਼ਨ 'ਤੇ ਪਹੁੰਚਣ ਅਤੇ ਮੁੱਦੇ ਦੀ ਰਿਪੋਰਟ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਜਾਂਚ ਦੌਰਾਨ ਇਹ ਪਾਇਆ ਗਿਆ ਕਿ ਰਜਿਸਟਰ ਤੇ ਕੰਟਰੋਲ ਯੂਨਿਟ ਦੀਆਂ ਕੁੱਲ ਐਂਟਰੀਆਂ ਪੂਰੀ ਤਰ੍ਹਾਂ ਨਾਲ ਮਿਲੀਆਂ ਹੋਈਆਂ ਨੇ। ਇਸ ਤੋਂ ਪਤਾ ਚੱਲਦਾ ਏ ਕਿ ਸ਼ਾਂਤੀਨਗਰ ਪੋਲਿੰਗ ਸਟੇਸ਼ਨ ਤੋਂ ਬੈਲਟ ਬਟਨ ਚਾਲੂ ਨਾ ਹੋਣ ਦਾ ਅਜਿਹਾ ਕੋਈ ਮਾਮਲਾ ਸਾਹਮਣੇ ਨਹੀਂ ਆਇਆ ਏ।

---

ਭਾਰਤੀ ਜਨਤਾ ਪਾਰਟੀ ਦੇ ਨਵੀਂ ਦਿੱਲੀ ਐਕਸਟੈਂਸ਼ਨ ਹੈੱਡ-ਕੁਆਰਟਰ ਵਿਖੇ ਅੱਜ ਸਿੱਖ ਭਾਈਚਾਰੇ ਦੇ ਡੇਢ ਹਜ਼ਾਰ ਤੋਂ ਵੱਧ ਵਿਅਕਤੀ ਪਾਰਟੀ ਵਿੱਚ ਸ਼ਾਮਲ ਹੋਏ। BJP ਦੇ ਕੌਮੀ ਪ੍ਰਧਾਨ ਜੇ. ਪੀ. ਨੱਡਾ ਅਤੇ ਜਨਰਲ ਸਕੱਤਰ ਤਰੁਣ ਚੁੱਘ ਦੀ ਮੌਜੂਦਗੀ ਵਿੱਚ ਸਾਰਿਆਂ ਨੇ ਪਾਰਟੀ ਦੀ ਮੈਂਬਰਸ਼ਿਪ ਲਈ । ਇਸ ਮੌਕੇ ਪਾਰਟੀ ਪ੍ਰਧਾਨ ਜੇ.ਪੀ.ਨੱਡਾ ਨੇ ਨਵੇਂ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਜਾਣਦੇ ਹਾਂ ਕਿ ਸਾਡੇ ਸਿੱਖ ਭਰਾਵਾਂ ਨੇ ਦੇਸ਼ ਲਈ ਕਿਵੇਂ ਕੁਰਬਾਨੀਆਂ ਕੀਤੀਆਂ ਅਤੇ ਦੇਸ਼ 'ਤੇ ਹੋਏ ਸਾਰੇ ਹਮਲਿਆਂ ਦਾ ਮੂੰਹ ਤੋੜਵਾਂ ਜਵਾਬ ਦੇਣ ਤੇ ਜਿੱਤ ਪ੍ਰਾਪਤ ਕਰਨ 'ਚ, ਸਿੱਖ ਭਾਈਚਾਰੇ ਦਾ ਵੱਡਾ ਯੋਗਦਾਨ ਰਿਹਾ ਏ। ਉਨਾਂ ਕਿਹਾ ਕਿ ਇਹ ਮਾਣ ਤੇ ਖੁਸ਼ੀ ਦੀ ਗੱਲ ਏ, ਕਿ ਸਿੱਖ ਕੌਮ ਦੇ ਅਜਿਹੇ ਵਿਅਕਤੀ BJP ਵਿੱਚ ਸ਼ਾਮਲ ਹੋਏ ਨੇ । ਜੇ.ਪੀ.ਨੱਡਾ ਨੇ ਕਿਹਾ ਕਿ BJP ਹੀ ਇਕ ਅਜਿਹੀ ਪਾਰਟੀ ਏ ਜਿਸ ਰਾਹੀਂ ਅਸੀਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨੂੰ ਅੱਗੇ ਲੈ ਕੇ ਜਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੇ ਸੱਚਮੁੱਚ ਸਿੱਖ ਕੌਮ ਲਈ ਕੰਮ ਕੀਤਾ ਏ ਤਾਂ

ਉਹ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ। ਉਨਾਂ ਕਿਹਾ ਕਿ ਨਰੇਂਦਰ ਮੋਦੀ ਲੰਮੇ ਸਮੇਂ ਤੱਕ ਪੰਜਾਬ ਦੇ ਇੰਚਾਰਜ ਰਹੇ, ਇਸ ਲਈ ਉਨ੍ਹਾਂ ਦਾ ਸਿੱਖ ਕੌਮ ਨਾਲ ਬਹੁਤ ਪਿਆਰ ਏ। ਜੇ ਪੀ ਨੱਡਾ ਨੇ ਕਿਹਾ ਕਿ 1984 ਵਿੱਚ ਜਿਸ ਤਰ੍ਹਾਂ ਮਨੁੱਖਤਾ ਅਤੇ ਇਨਸਾਨੀਅਤ ਦਾ ਗਲਾ ਘੁੱਟਿਆ ਗਿਆ, ਸਭ ਨੇ ਦੇਖਿਆ ਏ। ਪ੍ਰਧਾਨ ਮੰਤਰੀ ਮੋਦੀ ਨੇ 1984 ਦੇ ਦੰਗਿਆਂ 'ਤੇ SIT ਦਾ ਗਠਨ ਕੀਤਾ ਅਤੇ ਅੱਜ ਉਨ੍ਹਾਂ ਦੰਗਿਆਂ ਦੇ ਦੋਸ਼ੀ ਜੇਲ੍ਹ ਵਿੱਚ ਨੇ।

---------------------------------------------------

ਜਲੰਧਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸੁਸ਼ੀਲ ਰਿੰਕੂ ਨੇ ਕਿਹਾ ਏ, ਕਿ ਇਸ ਵਾਰ ਦੀਆਂ ਚੋਣਾਂ ਜਲੰਧਰ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਵਿਕਾਸ ਪੱਖੋਂ ਬਹੁਤ ਅਹਿਮ ਭੂਮਿਕਾ ਅਦਾ ਕਰਨਗੀਆਂ। ਜਲੰਧਰ ਤੋਂ ਜਾਰੀ ਇਕ ਬਿਆਨ ਵਿਚ ਉਨ੍ਹਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਾਅਦ ਅਤੇ ਇਸ ਤੋਂ ਪਹਿਲਾਂ ਕਾਂਗਰਸ ਨੇ ਆਪਣੀਆਂ ਝੂਠੀਆਂ ਗਰੰਟੀਆਂ ਦੇ ਕੇ ਦੇਸ਼ ਦੀਆਂ ਔਰਤਾਂ, ਕਿਸਾਨਾਂ, ਗਰੀਬਾਂ ਤੇ ਅਨੁਸੂਚਿਤ ਵਰਗਾਂ ਨਾਲ ਧੋਖਾ

ਕੀਤਾ ਸੀ ਅਤੇ ਹੁਣ ਮੌਜੂਦਾ ਸਰਕਾਰ ਵੀ ਨੌਜਵਾਨਾਂ ਨੂੰ ਧੋਖਾ ਦੇਣ ਦੀ ਯੋਜਨਾ ਬਣਾ ਰਹੀ ਏ। ਉਨ੍ਹਾਂ ਕਿਹਾ ਕਿ ਇੱਕ ਪਾਸੇ ਲੋਕ ਅਤੇ ਦੂਜੇ ਪਾਸੇ ਪ੍ਰਧਾਨ ਮੰਤਰੀ ਮੋਦੀ ਨੇ ਜਿਨ੍ਹਾਂ ਜੋ ਕਿਹਾ, ਉਸ ਦੇ ਪੂਰਾ ਹੋਣ ਦੀ ਗਾਰੰਟੀ ਏ, ਇਸ ਲਈ ਭਾਰਤੀ ਜਨਤਾ ਪਾਰਟੀ ਉਨ੍ਹਾਂ ਦੀ ਅਗਵਾਈ ਵਿੱਚ ਇਕ ਮਜ਼ਬੂਤ ਸਰਕਾਰ ਬਣਾਏਗੀ। ਸੁਸ਼ੀਲ ਰਿੰਕੂ ਨੇ ਕਿਹਾ ਕਿ ਹੁਣ ਜਲੰਧਰ ਦੇ ਲੋਕ ਸਮਝ ਚੁੱਕੇ ਨੇ ਕਿ ਪ੍ਰਧਾਨ ਮੰਤਰੀ ਮੋਦੀ ਦੀ ਯੋਗ ਅਗਵਾਈ ਵਿੱਚ ਹੀ ਸਰਬਪੱਖੀ ਵਿਕਾਸ ਸੰਭਵ ਏ। ਉਨਾਂ ਸਮੂਹ ਲੋਕਾਂ ਖਾਸ ਕਰਕੇ ਨੌਜਵਾਨਾਂ ਨੂੰ ਲੋਕ ਸਭਾ ਚੋਣਾਂ ਲਈ ਪੂਰੇ ਉਤਸ਼ਾਹ ਨਾਲ ਵੋਟ ਪਾਉਣ ਦੀ ਅਪੀਲ ਕੀਤੀ ਏ।

---------------------------------------------------------

ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਡਾ. ਅਮਰ ਸਿੰਘ ਨੇ BJP 'ਤੇ ਦੇਸ਼ ਵਿਚ ਕਾਰੋਬਾਰ ਠੱਪ ਕਰਕੇ ਰੋਜਗਾਰ ਖਤਮ ਕਰਨ ਦਾ ਦੋਸ਼ ਲਗਾਇਆ ਏ। ਫਤੇਹਗਢ੍ਹ ਸਾਹਿਬ ਵਿਖੇ ਉਨਾਂ ਕਿਹਾ ਕਿ ਇਸ ਨਾਲ ਦੇਸ਼, ਆਰਥਿਕ ਪੱਖੋਂ ਕਮਜੋਰ ਹੋ ਗਿਆ ਏ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਵਿਚਾਰਧਾਰਾ

ਵੀ, ਬੀਜੇਪੀ ਨਾਲ ਮਿਲਦੀ- ਜੁਲਦੀ ਹੀ ਏ, ਜਿਹੜੀ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਬਦਨਾਮ ਕਰਕੇ ਅਤੇ ਝੂਠ ਦੇ ਸਹਾਰੇ ਇਹ ਚੋਣ ਜਿੱਤਣਾ ਚਾਹੁੰਦੀ ਏ। ਡਾ. ਅਮਰ ਸਿੰਘ ਨੇ ਕਿਹਾ ਕਿ ਇਹ ਗੱਲਾਂ ਕੱਲੇ-ਕੱਲੇ ਵੋਟਰ ਅਤੇ ਹਰ ਘਰ ਤੱਕ ਪਹੁੰਚਾਉਣ ਦੀ ਜ਼ਰੂਰਤ ਏ ਤਾਂ ਜੋ ਸੂਬੇ ਦੇ ਲੋਕਾਂ ਨੂੰ ਇਨ੍ਹਾਂ ਦੇ ਕਾਰਨਾਮਿਆਂ ਤੋਂ ਜਾਣੂ ਕਰਵਾਇਆ ਜਾ ਸਕੇ ।

---------------------------------------------------------------

ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਏ, ਕਿ ਉਨਾਂ ਇਸ ਹਲਕੇ ਦੇ ਵਿਕਾਸ ਤੇ ਸੁਧਾਰ ਲਈ ਇਕ ਵਿਸ਼ੇਸ਼ ਯੋਜਨਾ ਤਿਆਰ ਕੀਤੀ ਏ ਅਤੇ ਜੇਕਰ ਮੌਕਾ ਮਿਲਿਆ ਤਾਂ ਇਸ ਨੂੰ ਨੇਪਰੇ ਚਾੜਣਗੇ। ਖਰੜ ਵਿਚ ਅੱਜ ਆਪਣੇ ਦਫਤਰ ਖੋਲਣ ਦੇ ਮੌਕੇ ਤੇ ਉਨਾਂ ਵਿਕਾਸ ਯੋਜਨਾ ਬਾਰੇ ਜਨਤਾ ਨੂੰ ਜਾਣੂ ਕਰਵਾਇਆ ਅਤੇ ਆਪ ਵਲੋਂ ਦਿੱਲੀ ਚ ਕੀਤੇ ਕੰਮਾਂ ਅਤੇ ਕੇਂਦਰ ਸਰਕਾਰ ਵਲੋਂ ਪਾਏ ਜਾਂਦੇ ਅੜਿਕੇ ਬਾਰੇ ਆਪਣੇ ਵਿਚਾਰ ਰੱਖੇ। ਇਸ ਮੌਕੇ ਸੂਬੇ ਦੇ ਕੈਬਿਨੇਟ ਮੰਤਰੀ ਗਗਨ ਅਨਮੋਲ ਮਾਨ

ਉਚੇਚੇ ਤੌਰ ’ਤੇ ਪੁਜੇ ਅਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਕਈ ਵਿਕਾਸ ਕਾਰਜ ਕੀਤੇ ਗਏ ਨੇ । ਉਨਾਂ ਲੋਕਾਂ ਨੂੰ ਮਲਵਿੰਦਰ ਸਿੰਘ ਕੰਗ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਦੇਸ਼ ਵਿਚ ਆਪ ਦੀ ਲਹਿਰ ਚਲ ਰਹੇ ਏ । ਉਨਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵਲੋਂ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਸਮੇਤ ਹੋਰਨਾਂ ਆਗੂਆਂ ਨੂੰ ਝੂਠੇ ਫਸਾਇਆ ਗਿਆ ਏ ਪਰ ਜਨਤਾ ਚੋਣਾਂ ਵਿਚ ਇਸ ਦਾ ਜਵਾਬ ਦੇਵੇਗੀ ।

---------------------------------------------------

ਪਟਿਆਲਾ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਨ.ਕੇ.ਸ਼ਰਮਾ ਨੇ ਨੌਜਵਾਨਾਂ ਨੂੰ ਸੱਦਾ ਦਿੱਤਾ ਏ ਕਿ ਉਹ ਇੱਕਜੁੱਟ ਹੋ ਕੇ, ਅਕਾਲੀ ਦਲ ਦੇ ਹੱਕ ਵਿੱਚ ਪ੍ਰਚਾਰ ਕਰਨ ਅਤੇ ਸਾਂਸਦ ਬਣਨ ਤੋਂ ਬਾਅਦ ਉਹ, ਖੇਡਾਂ ਅਤੇ ਯੁਵਾ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਗੇ । ਪਟਿਆਲਾ ਵਿਖੇ ਅਕਾਲੀ ਦਲ ਦੇ ਵਿਦਿਆਰਥੀ ਵਿੰਗ SOI ਦੇ ਅਹੁਦੇਦਾਰਾਂ ਨਾਲ ਅੱਜ ਇਕ ਮੀਟਿੰਗ ਵਿਚ ਉਨ੍ਹਾਂ ਕਿਹਾ ਕਿ ਨੌਜਵਾਨ

ਚਾਹੁਣ ਤਾਂ ਕਿਸੇ ਵੀ ਮੁਹਿੰਮ ਨੂੰ ਨਵਾਂ ਮੋੜ ਦੇ ਸਕਦੇ ਨੇ। ਉਨਾਂ ਕਿਹਾ ਕਿ ਸੂਬੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਸਮੇਂ ਨੌਜਵਾਨਾਂ ਲਈ ਵਿਕਾਸ ਦੀਆਂ ਕਈ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਸਨ ਪਾਰ ਬਾਅਦ ਦੀਆਂ ਸਰਕਾਰਾਂ ਨੇ ਇਨਾਂ ਸਕੀਮਾਂ ਨੂੰ ਅਣਗੋਲਿਆਂ ਕਰ ਦਿੱਤਾ। ਉਨ੍ਹਾਂ SOI ਦੇ ਅਹੁਦੇਦਾਰਾਂ ਨੂੰ ਸੱਦਾ ਦਿੱਤਾ ਕਿ ਉਹ, ਟੀਮਾਂ ਬਣਾ ਕੇ ਲੋਕ ਸਭਾ ਹਲਕੇ ਵਿੱਚ ਪ੍ਰਚਾਰ ਕਰਨ।

---

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਜਲੰਧਰ ਜ਼ਿਲਾ ਪ੍ਰਸ਼ਾਸਨ ਅਤੇ ਬਹੁਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾ ਦੀਪ ਨੇ ਮੌਜੂਦਾ ਅਤੇ ਨਵੇਂ ਬਣੇ ਵੋਟਰਾਂ ਨੂੰ ਵੋਟ ਦੇ ਹੱਕ ਦਾ ਸਹੀ ਇਸਤੇਮਾਲ ਕਰਨ ਪ੍ਰਤੀ ਜਾਗਰੂਕ ਕਰਨ ਲਈ, GNDU ਕਾਲੇਜ ਲਾਡੋਵਾਲੀ ਰੋਡ ਜਲੰਧਰ ਵਿਖੇ ਕਲ 'ਮੇਰੀ ਵੋਟ ਮੇਰੀ ਆਵਾਜ਼' ਵਿਸ਼ੇ ਤੇ ਇਕ ਸੈਮੀਨਾਰ ਦਾ ਆਯੋਜਨ ਕੀਤਾ। ਕਾਲਜ ਦੇ ਓ. ਐਸ ਡੀ ਡਾ: ਕਮਲੇਸ਼ ਦੁੱਗਲ ਨੇ ਵਿਦਿਆਰਥੀਆਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਲਈ ਪ੍ਰੇਰਿਆ ਜਦਕਿ ਐਸ ਡੀ ਐਮ, ਜੈ ਇੰਦਰ ਸਿੰਘ ਸਮੇਤ ਹੋਰਨਾਂ ਬੁਲਾਰਿਆਂ ਨੇ

ਵੋਟਰਾਂ ਦੀ ਸਹੂਲਤ ਲਈ ਵੱਖ ਵੱਖ ਫਾਰਮ ਆਨ ਲਾਈਨ ਭਰਨ ਸਬੰਧੀ ਜਾਣਕਾਰੀ ਦਿੱਤੀ। ਉਨਾਂ ਦੱਸਿਆ ਕਿ ਚੋਣ ਕਮਿਸ਼ਨ ਦੀ ਹੈਲਪ ਲਾਈਨ ਨੰਬਰ 1950 ਤੋਂ ਵੀ ਇਸ ਬਾਰੇ ਜਾਣਕਾਰੀ ਲਈ ਜਾ ਸਕਦੀ ਏ । ਦਿਸ਼ਾਦੀਪ ਸੰਸਥਾ ਦੇ ਮੁਖੀ SM ਸਿੰਘ ਨੇ ਕਿਹਾ ਕਿ ਸੰਵਿਧਾਨ ਵਿੱਚ ਦਿੱਤੇ ਗਏ ਵੋਟ ਦੇ ਹੱਕ ਦਾ ਇਸਤੇਮਾਲ ਕਰਕੇ ਅਸੀਂ ਦੁਨੀਆਂ ਦੇ ਸਭ ਤੋਂ ਵੱਡੇ ਮਜਬੂਤ ਲੋਕਤੰਤਰ ਵਾਸਤੇ ਬੇਹਤਰ ਨੁਮਾਇਦਿਆਂ ਦੀ ਚੋਣ ਕਰ ਸਕਦੇ ਹਾਂ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਨੇ ਕਿਸੇ ਵੀ ਲਾਲਚ ਤੇ ਪ੍ਰਭਾਵ ਤੋਂ ਬਿਨਾਂ ਚੋਣਾਂ ਵਿੱਚ ਆਪਣੇ ਵੋਟ ਦੇ ਹੱਕ ਦੀ ਵਰਤੋਂ ਦਾ ਪ੍ਰਣ ਲਿਆ।

---------------------------------------------------------------

ਪੰਜਾਬ ਪੁਲਿਸ ਦੇ ਵਧੀਕ DG ਹੈਡ-ਕੁਆਰਟਰ ਮੋਹਨਿਸ਼ ਚਾਵਲਾ ਨੇ ਕਪੂਰਥਲਾ ਜ਼ਿਲਾ ਪੁਲਿਸ ਸਾਂਝ ਸੋਸਾਇਟੀ ਦੇ ਸਕੱਤਰ, ਸੀਨੀਅਰ ਪਤਰਕਾਰ ਅਤੇ ਸਮਾਜ ਸੇਵੀ ਬੀ. ਐਨ. ਗੁਪਤਾ ਵਲੋਂ ਸਮਾਜ ਪ੍ਰਤੀ ਨਿਭਾਇਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਲਈ ਚੰਡੀਗੜ੍ਹ ਸਥਿਤ ਆਪਣੇ ਦਫਤਰ ਵਿਚ ਉਨਾਂ ਦਾ ਸਨਮਾਨ ਕੀਤਾ। ਇਸ ਮੌਕੇ ਤੇ

ਮੋਹਨਿਸ਼ ਚਾਵਲਾ ਨੇ ਕਿਹਾ ਕਿ ਬੀ ਐਨ ਗੁਪਤਾ ਪਿਛਲੇ ਕੋਈ 50 ਵਰ੍ਹਿਆਂ ਤੋਂ ਪੁਲਿਸ ਨਾਲ ਤਾਲਮੇਲ ਕਰਦੇ ਹੋਏ ਇਕ ਅਹਿਮ ਸਹਿਯੋਗੀ ਵਜੋਂ ਨਿਰਪੱਖ ਤੇ ਨਿਰਸਵਾਰਥ ਭਾਵ ਨਾਲ ਆਪਣੀਆਂ ਵਡਮੁਲੀਆਂ ਸੇਵਾਵਾਂ ਸਮਾਜ ਨੂੰ ਦੇ ਰਹੇ ਨੇ। ਉਨਾਂ ਕਿਹਾ ਕਿ ਇਸ ਨਾਲ ਆਮ ਲੋਕਾਂ ਵਿਚ ਪੁਲਿਸ ਬਾਰੇ ਭਰੋਸਾ ਹੋਰ ਵਧਾਉਣ ਵਿਚ ਮਦਦ ਮਿਲਦੀ ਏ। ਇਸ ਸਨਮਾਨ ਲਈ ਬੀ ਐਨ ਗੁਪਤਾ ਨੇ ਵਧੀਕ ਡੀ ਜੀ ਮੋਹਨਿਸ਼ ਚਾਵਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਵਿੱਖ ਵਿਚ ਵੀ ਉਹ ਆਪਣੀਆਂ ਬੇਹਤਰ ਸੇਵਾਵਾਂ ਦੇਣ ਲਈ ਵਚਨਬੱਧ ਨੇ।

-------------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਇਕ ਨਗਰ ਕੀਰਤਨ ਅੰਮ੍ਰਿਤਸਰ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਗਿਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ ਸਮੇਤ ਪੰਥਕ ਸ਼ਖ਼ਸੀਅਤਾਂ ਅਤੇ ਸਭਾ-ਸੁਸਾਇਟੀਆਂ ਦੇ ਨੁਮਾਇੰਦਿਆਂ ਸਮੇਤ

ਵੱਡੀ ਗਿਣਤੀ ਵਿਚ ਸੰਗਤਾਂ ਨੇ ਇਸ ਵਿਚ ਸ਼ਮੂਲੀਅਤ ਕੀਤੀ। ਇਸ ਮੌਕੇ ਗਤਕਾ ਪਾਰਟੀਆਂ ਨੇ ਸਿੱਖ ਜੰਗਜੂ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਬੈਂਡ ਪਾਰਟੀਆਂ ਨੇ ਮਨੋਹਰ ਧੁਨਾਂ ਨਾਲ ਨਗਰ ਕੀਰਤਨ ਦੀ ਸ਼ੋਭਾ ਵਧਾਈ। ਭਾਈ ਰਜਿੰਦਰ ਸਿੰਘ ਮਹਿਤਾ ਨੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦੇਂਦੀਆਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਦਰਸਾਏ ਮਾਰਗ ’ਤੇ ਚੱਲਣ ਦੀ ਅਪੀਲ ਕੀਤੀ। ਸ੍ਰੀ ਅਕਾਲ ਤਖ਼ਤ ਤੋਂ ਆਰੰਭ ਹੋਇਆ ਨਗਰ ਕੀਰਤਨ ਸ੍ਰੀ ਗੁਰੂ ਰਾਮਦਾਸ ਜੀ ਨਿਵਾਸ, ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਇਆ। 29 ਅਪ੍ਰੈਲ ਨੂੰ ਗੁਰੂ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪ੍ਰਕਾਸ਼ ਅਸਥਾਨ ਗੁਰੂਦੁਆਰਾ ਗੁਰੂ ਕੇ ਮਹਿਲ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਗੁਰਮਤਿ ਸਮਾਗਮਾਂ ਦਾ ਅਯੋਜਨ ਕੀਤਾ ਜਾਵੇਗਾ।

---------------------------------------------------

ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿਚ ਬੀਤੀ ਰਾਤ ਆਏ ਹਨੇਰੀ ਛੱਖੜ ਤੇ ਮੀਂਹ ਨੇ ਜਨ ਜੀਵਨ ਪ੍ਰਭਾਵਤ ਕੀਤਾ। ਜਲੰਧਰ ਸਮੇਤ

ਮੋਹਾਲੀ, ਪਠਾਨਕੋਟ, ਗੁਰਦਾਸਪੁਰ ਅਤੇ ਕਪੂਰਥਲਾ ਵਿਖੇ ਮੀਂਹ ਦੇ ਨਾਲ ਤੇਜ਼ ਹਵਾਵਾਂ ਵਗਦੀਆਂ ਰਹੀਆਂ। ਇਸ ਮੀਂਹ ਅਤੇ ਹਨੇਰੀ ਕਾਰਨ ਕਈ ਜ਼ਿਲਿਆਂ ਵਿਚ ਰਾਤ ਤੋਂ ਹੀ ਅਨੇਕਾਂ ਥਾਵਾਂ 'ਤੇ ਬਿਜਲੀ ਗੁਲ ਰਹੀ । ਕਪੂਰਥਲਾ - ਜਲੰਧਰ ਸੜਕ 'ਤੇ ਕਈ ਥਾਵਾਂ 'ਤੇ ਦਰੱਖਤ ਡਿੱਗਣ ਕਾਰਨ ਆਵਾਜਾਈ ਕਾਫੀ ਦੇਰ ਤਕ ਪ੍ਰਭਾਵਿਤ ਰਹੀ। ਅੱਜ ਦਿਨ ਵੇਲੇ ਵੀ ਸੂਬੇ ਦੇ ਕਈ ਇਲਾਕਿਆਂ ਵਿਚ ਹਲਕੀ ਧੁੱਪ ਨਾਲ ਬਦਲ ਛਾਏ ਰਹੇ ਅਤੇ ਹਵਾਵਾਂ ਵਗਦੀਆਂ ਰਹੀਆਂ। ਮੌਸਮ ਵਿਭਾਗ ਨੇ 28 ਤੋਂ 30 ਅਪ੍ਰੈਲ ਤਕ ਕਈ ਜ਼ਿਲਿਆਂ ਵਿਚ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਕੁਝ ਥਾਵਾਂ 'ਤੇ ਗੜੇਮਾਰੀ ਹੋਣ ਦੀ ਸੰਭਾਵਨਾ ਦੱਸੀ ਏ । ਇਸ ਮੌਸਮ ਨੂੰ ਵੇਖਦਿਆਂ ਕਿਸਾਨਾਂ ਨੂੰ ਆਪਣੀ ਕੱਟੀ ਹੋਈ ਫ਼ਸਲ ਨੂੰ ਸੁਰੱਖਿਅਤ ਥਾਂ 'ਤੇ ਰੱਖਣ ਅਤੇ ਸਿੰਚਾਈ, ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਨੂੰ ਅੱਗੇ ਪਾਉਣ ਦੀ ਅਪੀਲ ਕੀਤੀ ਗਈ ਏ।

---------------------------------------------------------

ਇਸ ਦੌਰਾਨ ਬੀਤੀ ਰਾਤ ਆਏ ਤੂਫਾਨ ਕਾਰਨ ਗੁਰਦਾਸਪੁਰ ਜ਼ਿਲੇ ਦੇ ਵਿਚ ਕਾਹਨੂੰਵਾਨ ਬੇਟ ਇਲਾਕੇ ਦੇ ਤਿੰਨ ਕਿਸਾਨਾਂ ਦੀ ਕਰੀਬ 11 ਏਕੜ

ਕਣਕ ਦੀ ਪੱਕੀ ਫਸਲ ਨੂੰ ਅਚਾਨਕ ਅੱਗ ਲੱਗ ਗਈ ਜਿਸ ਨਾਲ ਕਿਸਾਨਾਂ ਦਾ ਭਾਰੀ ਨੁਕਸਾਨ ਹੋਇਆ ਏ। ਐਸ.ਐਚ.ਓ ਬਲਵਿੰਦਰ ਸਿੰਘ ਨੇ ਮੌਕੇ ਤੇ ਪਹੁੰਚ ਕੇ ਜਾਇਜ਼ਾ ਲਿਆ ਅਤੇ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਏ। ਪਿੰਡ ਮਲੀਆ ਦੇ ਸਾਬਕਾ ਸਰਪੰਚ ਸਰਬਜਿੰਦਰ ਸਿੰਘ ਨੇ ਕਿਹਾ ਕਿ ਦੇਰ ਰਾਤ ਇੱਕਦਮ ਤੇਜ਼ ਹਨੇਰੀ ਆਈ ਜਿਸ ਕਰਕੇ ਉਹਨਾਂ ਦੀ 6 ਏਕੜ ਦੇ ਕਰੀਬ ਕਣਕ ਦੀ ਪੱਕੀ ਫਸਲ ਨੂੰ ਅਚਾਨਕ ਅੱਗ ਲੱਗ ਗਈ ਜਿਸ ਨਾਲ ਉਨਾਂ ਦਾ ਕਾਫੀ ਨੁਕਸਾਨ ਹੋਇਆ ਏ।

---------------------------------------------------------------

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਦੇਸ਼ ਵਿਚ ਲੋਕਸਭਾ ਚੋਣਾਂ ਦੇ ਹੁਣ ਤਕ ਹੋਏ 2 ਗੇੜਾਂ ਦੀ ਪੋਲਿੰਗ ਨਾਲ, 11 ਸੂਬਿਆਂ ਤੇ ਤਿੰਨ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੋਟਿੰਗ ਮੁਕੰਮਲ ਹੋ ਗਈ ਏ।

- ਭਾਰਤੀ ਜਨਤਾ ਪਾਰਟੀ ਦੇ ਨਵੀਂ ਦਿੱਲੀ ਐਕਸਟੈਂਸ਼ਨ ਹੈੱਡ-ਕੁਆਰਟਰ ਵਿਖੇ, ਸਿੱਖ ਭਾਈਚਾਰੇ ਦੇ ਡੇਢ ਹਜ਼ਾਰ ਤੋਂ ਵੱਧ ਵਿਅਕਤੀ ਅੱਜ BJP ਵਿੱਚ ਸ਼ਾਮਲ ਹੋਏ।
- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਨਗਰ ਕੀਰਤਨ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਗਿਆ।